## *ਪ੍ਰੈਸ ਨੋਟ*
## *(ਫਿਰੋਜ਼ਪੁਰ ਪੁਲਿਸ)*

**ਮਿਤੀ 08 ਅਕਤੂਬਰ 2023**

ਜਿਲ੍ਹਾ ਪੁਲਿਸ ਫਿਰੋਜਪੁਰ ਵੱਲੋਂ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀ ਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ ਅਰਸ਼ਦੀਪ ਕੁਮਾਰ ਪੁੱਤਰ ਵਿਨੋਦ ਕੁਮਾਰ ਵਾਸੀ ਫਿਰੋਜ਼ਸ਼ਾਹ ਥਾਣਾ ਘੱਲਖੁਰਦ ਜਿਲਾਂ ਫਿਰੋਜ਼ਪੁਰ ਦੀ **22,00,000/- ਰੁਪਏ ਦੀ** ਬਣਾਈ ਗਈ ਗੈਰ ਕਾਨੂੰਨੀ ਜਾਇਦਾਦ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 ਤਹਿਤ ਫਰੀਜ਼ ਕਰਵਾਈ ਗਈ ਹੈ, **13 ਨਸ਼ਾ ਤਸਕਰਾਂ** ਦੀ ਗੈਰ ਕਾਨੂੰਨੀ ਜਾਇਦਾਦ ਦੇ ਫਰੀਜਿੰਗ ਆਰਡਰ ਅ/ਧ 68-ਐਫ ਐਨ.ਡੀ.ਪੀ.ਐਸ. ਐਕਟ 1985 ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਪਾਸ ਭੇਜੇ ਜਾ ਚੁੱਕੇ ਹਨ, ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **15 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ ਅਟੈਚ ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ।

**ਸ਼੍ਰੀ ਦੀਪਕ ਹਿਲੌਰੀ, ਆਈ.ਪੀ.ਐੱਸ, ਸੀਨੀਅਰ ਕਪਤਾਨ ਪੁਲਿਸ, ਫਿਰੋਜਪੁਰ ਜੀ** ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ. ਪੰਜਾਬ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆ ਪਰ ਪੂਰੀ ਤਰਾਂ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾ ਰਹੀ ਹੈ। ਇਸ ਮੁਹਿਮ ਤਹਿਤ ਜਿਲ੍ਹਾ ਪੁਲਿਸ ਦੁਆਰਾ ਜਿਲ੍ਹਾ ਦੇ ਸਮੂਹ ਗਜਟਿਡ ਅਧਿਕਾਰੀਆ ਦੀ ਨਿਗਰਾਨੀ ਹੇਠ ਸਪੈਸ਼ਲ ਟੀਮਾਂ ਬਣਾਈਆਂ ਗਈਆਂ ਹਨ, ਜੋ ਮੁਸ਼ਤੈਦੀ ਨਾਲ ਪੂਰੇ ਏਰੀਆ ਅੰਦਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰ ਰਹੀਆਂ ਹਨ।

**ਇਸ ਮੁਹਿੰਮ ਤਹਿਤ ਸ਼੍ਰੀ ਰਣਧੀਰ ਕੁਮਾਰ ਆਈ.ਪੀ.ਐਸ, ਕਪਤਾਨ ਪੁਲਿਸ (ਇੰਨ:) ਫਿਰੋਜਪੁਰ, ਦੀ ਨਿਗਰਾਨੀ ਹੇਠ ਕੰਮ ਕਰ ਰਹੀ ਪੁਲਿਸ ਟੀਮਾਂ ਵੱਲੋਂ ਅਰਸ਼ਦੀਪ ਕੁਮਾਰ ਉਕਤ ਤੋਂ 2500 ਨਸ਼ੀਲੀਆ ਗੋਲੀਆਂ ਬਰਾਮਦ ਹੋਣ ਤੇ ਇਸ ਦੇ ਖਿਲਾਫ ਮੁੱਕਦਮਾ ਨੰ 88 ਮਿਤੀ 13-09-2022 ਅ/ਧ 22/61/85 ਐਨ.ਡੀ.ਪੀ.ਐਸ ਐਕਟ ਦਰਜ ਰਜਿਸਟਰ ਹੋਇਆ ਸੀ। ਜੋ ਇਸ ਸਮੇਂ ਜੇਰੇ ਸਮਾਇਤ ਅਦਾਲਤ ਹੈ।ਅਰਸ਼ਦੀਪ ਕੁਮਾਰ ਪੁੱਤਰ ਵਿਨੋਦ ਕੁਮਾਰ ਵਾਸੀ ਫਿਰੋਜ਼ਸ਼ਾਹ ਥਾਣਾ ਘੱਲਖੁਰਦ ਜਿਲਾਂ ਫਿਰੋਜ਼ਪੁਰ ਵੱਲੋਂ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀ-ਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ ਬਣਾਈ ਜਾਇਦਾਦ ਜਿਸ ਵਿੱਚ ਪਿੰਡ ਫਿਰੋਜ਼ਸ਼ਾਹ ਵਿੱਚ ਇੱਕ ਘਰ ਜਿਸ ਦੀ ਕੀਮਤ 22,00,000/- ਰੁਪਏ, ਦੀ ਬਣਾਈ ਗਈ ਗੈਰ ਕਾਨੂੰਨੀ ਜਾਇਦਾਦ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 ਤਹਿਤ ਫਰੀਜ਼ ਕਰਵਾਈ ਗਈ ਹੈ, ਇਹਨਾਂ ਹੁਕਮਾ ਤਹਿਤ ਅੱਜ ਮਿਤੀ 08-10-2023 ਨੂੰ ਹਲਕਾ ਡੀ.ਐੱਸ.ਪੀ ਦਿਹਾਤੀ ਫਿਰੋਜਪੁਰ, ਮੁੱਖ ਅਫਸਰ ਥਾਣਾ ਘੱਲਖੁਰਦ, ਵੱਲੋਂ ਫਰੀਜਿੰਗ ਦੇ ਆਰਡਰਾਂ ਨੂੰ ਅਰਸ਼ਦੀਪ ਕੁਮਾਰ ਉਕਤ ਦੇ ਘਰ ਦੇ ਬਾਹਰ ਚਿਪਕਾਇਆ ਗਿਆ ਹੈ।**

**ਇਸ ਤਰਾਂ ਸਾਲ 2023 ਦੌਰਾਨ ਨਸ਼ਾ ਤਸਕਰਾ ਵੱਲੋਂ** ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ **ਨਜਾਇਜ ਸਾਧਨਾਂ ਰਾਹੀ ਬਣਾਈ** ਗਈ **10 ਕੇਸਾਂ ਦੀ ਕੁੱਲ 6,27,05,693/- ਰੁਪਏ ਦੀ** ਗੈਰ ਕਾਨੂੰਨੀ ਜਾਇਦਾਦ **ਨੂੰ ਫਰੀਜ਼ ਕਰਵਾਈ ਜਾ ਚੁੱਕਾ ਹੈ।** ਜਿਸ ਕਰਕੇ ਸਬੰਧਿਤ ਨਸ਼ਾ ਤਸਕਰ ਹੁਣ ਇਸ ਗੈਰ-ਕਾਨੂੰਨੀ ਜਾਇਦਾਦ ਨੂੰ ਕਿਸੇ ਵੀ ਵਿਅਕਤੀ ਨੂੰ ਵੇਚ/ਟਰਾਂਸਫਰ ਨਹੀ ਕਰ ਸਕਦੇ।

**13 ਨਸ਼ਾ ਤਸਕਰਾਂ** ਦੀ ਗੈਰ ਕਾਨੂੰਨੀ ਜਾਇਦਾਦ ਦੇ ਫਰੀਜਿੰਗ ਆਰਡਰ ਅ/ਧ 68-ਐਫ ਐਨ.ਡੀ.ਪੀ.ਐਸ. ਐਕਟ 1985 ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਪਾਸ ਭੇਜੇ ਜਾ ਚੁੱਕੇ ਹਨ।

ਇਸ ਤੋਂ ਇਲਾਵਾ ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **15 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ **ਜਬਤ** ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ